# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:25-03-2024**

ਦੇਸ਼ ਦੇ ਹੋਰਨਾਂ ਹਿੱਸਿਆਂ ਵਾਂਗ ਰੰਗਾਂ ਦਾ ਤਿਉਹਾਰ ਹੋਲੀ ਪੰਜਾਬ ਵਿੱਚ ਵੀ ਅੱਜ ਖੁਸ਼ੀਆਂ, ਚਾਵਾਂ, ਪੂਰੇ ਉਤਸ਼ਾਹ ਅਤੇ ਆਪਸੀ ਭਾਈਚਾਰੇ ਨਾਲ ਮਨਾਇਆ ਜਾ ਰਿਹਾ ਏ। ਲੋਕ ਇਕ ਦੂਜੇ ਨੂੰ ਰੰਗ ਲਗਾ ਕੇ ਇਸ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰ ਰਹੇ ਨੇ। ਹੋਲਿਕਾ ਦਹਨ ਤੋਂ ਅਗਲੇ ਦਿਨ ਰੰਗਵਾਲੀ ਹੋਲੀ ਖੇਡੀ ਜਾਂਦੀ ਏ।

---------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਦੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਨੇ ਹੋਲੀ ਦੇ ਤਿਉਹਾਰ ਮੌਕੇ 'ਤੇ ਪੰਜਾਬ ਤੇ ਚੰਡੀਗੜ੍ਹ ਦੇ ਲੋਕਾਂ ਨੂੰ ਨਿੱਘੀ ਵਧਾਈ ਦਿੱਤੀ ਏ। ਆਪਣੇ ਸੁਨੇਹੇ ਵਿੱਚ ਰਾਜਪਾਲ ਪੁਰੋਹਿਤ ਨੇ ਕਿਹਾ ਕਿ ਹੋਲੀ ਦਾ ਤਿਉਹਾਰ ਬਸੰਤ ਦੀ

ਸ਼ੁਰੂਆਤ ਅਤੇ ਬੁਰਾਈ ਉੱਤੇ ਨੇਕੀ ਦੀ ਜਿੱਤ ਦਾ ਪ੍ਰਤੀਕ ਏ । ਜਿਵੇਂ ਬਸੰਤ ਦੀ ਸ਼ੁਰੂਆਤ ਵਾਤਾਵਰਣ ਨੂੰ ਖੁਸ਼ਬੂ ਨਾਲ ਭਰ ਦਿੰਦੀ ਏ, ਉਸੇ ਤਰ੍ਹਾਂ ਰੰਗਾਂ ਦਾ ਇਹ ਤਿਉਹਾਰ ਸਾਰੀਆਂ ਸਮਾਜਿਕ ਰੁਕਾਵਟਾਂ ਨੂੰ ਮਿਟਾ ਕੇ ਸਮਾਜਿਕ ਸਦਭਾਵਨਾ ਨੂੰ ਮਜ਼ਬੂਤ ਕਰਕੇ ਪੰਜਾਬ ਤੇ ਚੰਡੀਗੜ੍ਹ ਦੇ ਲੋਕਾਂ ਦੇ ਜੀਵਨ ਵਿੱਚ ਖੁਸ਼ੀ, ਅਨੰਦ, ਉਮੀਦ ਅਤੇ ਖੁਸ਼ਹਾਲੀ ਲਿਆਵੇ । ਰਾਜਪਾਲ ਪੁਰੋਹਿਤ ਨੇ ਲੋਕਾਂ ਨੂੰ ਹੋਲੀ ਦਾ ਤਿਉਹਾਰ ਆਪਸੀ ਸਦਭਾਵਨਾ ਅਤੇ ਭਾਈਚਾਰਕ ਸਾਂਝ ਨਾਲ ਮਨਾਉਣ ਦੀ ਅਪੀਲ ਕੀਤੀ ।

---------------------------------------------------

ਏਧਰ ਖ਼ਾਲਸਾਈ ਜਾਹੋ ਜਲਾਲ ਦੇ ਪ੍ਰਤੀਕ ਕੌਮੀ ਹੋਲਾ ਮਹੱਲਾ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਆਨੰਦਪੁਰ ਸਾਹਿਬ ਵਿਖੇ ਖੂਬ ਰੌਣਕਾਂ ਲੱਗੀਆਂ ਹੋਈਆਂ ਨੇ । ਦੇਸ਼-ਵਿਦੇਸ਼ ਤੋਂ ਸੰਗਤਾਂ ਗੁਰਦੁਆਰਾ ਤਖਤ ਸ੍ਰੀ ਕੇਸਗੜ੍ਹ ਸਾਹਿਬ, ਕਿਲਾ ਅਨੰਦਗੜ੍ਹ ਸਾਹਿਬ, ਕਿਲਾ ਹੋਲਗੜ੍ਹ ਸਾਹਿਬ, ਕਿਲਾ ਫਤਹਿਗੜ੍ਹ ਸਾਹਿਬ, ਗੁਰਦੁਆਰਾ ਮਾਤਾ ਅਜੀਤ ਕੌਰ ਸਾਹਿਬ ਅਤੇ ਗੁਰਦੁਆਰਾ ਸ਼ੀਸ਼ ਗੰਜ ਵਿਖੇ ਪੂਰੀ ਸ਼ਰਧਾ ਨਾਲ ਨਤ ਮਸਤਕ ਹੋ ਕੇ ਗੁਰਬਾਣੀ ਦਾ ਮਨੋਹਰ ਕੀਰਤਨ ਸਰਵਣ ਕਰ ਰਹੀਆਂ ਨੇ । ਵੱਖ-

ਵੱਖ ਥਾਵਾਂ ਤੋਂ ਆਰੰਭ ਹੋਏ ਨਗਰ ਕੀਰਤਨ ਅਤੇ ਨਿਹੰਗ ਸਿੰਘਾਂ ਦੇ ਜਥੇ ਵੀ ਨਿਹੰਗ ਸਿੰਘ ਜਥੇਦਾਰ ਛਾਉਣੀ ਪਹੁੰਚ ਰਹੇ ਨੇ। ਨਿਹੰਗ ਸਿੰਘਾਂ ਦੀਆਂ ਟੋਲੀਆਂ ਵਲੋਂ ਹੈਰਤ ਅੰਗੇਜ਼ ਕਰਤਬ ਦਿਖਾਏ ਜਾ ਰਹੇ ਨੇ। ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜੱਥੇਦਾਰ, ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਅਤੇ ਰੂਪਨਗਰ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਲੰਗਰ ਕਮੇਟੀਆਂ ਦੇ ਪ੍ਰਬੰਧਕਾਂ ਨੂੰ ਲੰਗਰਾਂ ਵਿੱਚ ਮਿਆਰੀ ਖੁਰਾਕੀ ਪਦਾਰਥਾਂ ਦੀ ਵਰਤੋਂ ਕਰਨ, ਸ਼ੁੱਧ ਸਾਫ਼ ਪਾਣੀ ਹੀ ਵਰਤਣ, ਪਲਾਸਟਿਕ ਦੀ ਵਰਤੋਂ ਨ ਕਰਨ ਅਤੇ ਗਿੱਲਾ ਤੇ ਸੁੱਕਾ ਕੂੜਾ ਵੱਖੋ ਵੱਖਰਾ ਜਮਾਂ ਕਰਨ ਦੀ ਅਪੀਲ ਕੀਤੀ ਏ। ਸਿਵਲ ਸਰਜਨ ਡਾ. ਮਨੂੰ ਵਿਜ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਕਰਮਚਾਰੀ ਸਾਰੇ ਲੰਗਰਾਂ ਵਿਚ ਜਾ ਕੇ ਕਲੋਰੀਨ ਦੀਆਂ ਗੋਲੀਆਂ ਵੰਡ ਰਹੇ ਨੇ, ਤਾਂ ਜੋ ਪਾਣੀ ਨੂੰ ਰੋਗਾਣੂ ਤੇ ਕੀਟਾਣੂ ਮੁਕਤ ਕੀਤਾ ਜਾ ਸਕੇ।

---------------------------------------------------------

ਇਸ ਦੌਰਾਨ ਸਾਲ ਦਾ ਪਹਿਲਾ ਚੰਦਰ ਗ੍ਰਹਿਣ ਵੀ ਅੱਜ ਲੱਗਿਆ ਹੋਇਆ ਏ। ਹੋਲੀ 'ਤੇ ਚੰਦਰ ਗ੍ਰਹਿਣ ਦਾ ਇਤਫ਼ਾਕ ਕੋਈ 100 ਸਾਲ

ਬਾਅਦ ਹੋਇਆ ਏ। ਜੋਤਿਸ਼ ਗਣਨਾ ਅਨੁਸਾਰ ਇਹ ਚੰਦਰ ਗ੍ਰਹਿਣ ਸਵੇਰੇ 10 ਵੱਜ ਕੇ 24 ਮਿੰਟ ਤੇ ਸ਼ੁਰੂ ਹੋਇਆ ਏ ਅਤੇ ਬਾਅਦ ਦੁਪਹਿਰ 3 ਵੱਜ ਕੇ 01 ਮਿੰਟ ਤੱਕ ਰਹੇਗਾ। ਭਾਵ ਚੰਦਰ ਗ੍ਰਹਿਣ ਦੀ ਕੁੱਲ ਮਿਆਦ 4 ਘੰਟੇ 36 ਮਿੰਟ ਦੀ ਹੋਵੇਗੀ। ਇਹ ਚੰਦਰ ਗ੍ਰਹਿਣ ਭਾਰਤ ਵਿੱਚ ਨਹੀਂ ਦਿਖਾਈ ਦੇਵੇਗਾ।

----------------------------------------------------

ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਤਰਨਤਾਰਨ ਦੇ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਵਰਿੰਦਰਪਾਲ ਸਿੰਘ ਬਾਜਵਾ ਦੀ ਅਗਵਾਈ ਹੇਠ ਮੁਹੱਲਾ ਮੁਰਾਦਪੁਰਾ, ਪੰਡੋਰੀ ਗੋਲਾ ਅਤੇ ਤਰਨਤਾਰਨ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਪੰਜਾਬ ਪੁਲਿਸ ਨੇ ਪੈਰਾ ਮਿਲਟਰੀ ਫੋਰਸ ਸਮੇਤ ਕਲ ਫਲੈਗ ਮਾਰਚ ਕੀਤਾ। ਐੱਸ. ਡੀ. ਐੱਮ. ਸਿਮਰਨਦੀਪ ਸਿੰਘ, ਐੱਸ. ਡੀ. ਐੱਮ. ਖਡੂਰ ਸਾਹਿਬ ਸਚਿਨ ਪਾਠਕ ਅਤੇ ਐੱਸ. ਪੀ. ਹੈੱਡ ਕੁਆਟਰ ਪਰਵਿੰਦਰ ਕੋਰ ਤੋਂ ਇਲਾਵਾ ਸਿਵਲ ਤੇ ਪੁਲਿਸ ਅਧਿਕਾਰੀ ਵੀ ਉਹਨਾਂ ਦੇ ਨਾਲ ਸਨ। ਵਰਿੰਦਰਪਾਲ ਸਿੰਘ ਬਾਜਵਾ ਨੇ ਦੱਸਿਆ ਕਿ ਲੋਕ ਸਭਾ ਚੋਣਾਂ ਦੇ

ਮੱਦੇਨਜ਼ਰ ਲੋਕਾਂ ਵਿਚ ਸੁਰੱਖਿਆ ਅਤੇ ਸਦਭਾਵਨਾ ਦੀ ਭਾਵਨਾ ਕਾਇਮ ਰੱਖਣ ਲਈ ਇਹ ਫਲੈਗ ਮਾਰਚ ਕੀਤਾ ਗਿਆ। ਉਹਨਾਂ ਕਿਹਾ ਕਿ ਇਸ ਫਲੈਗ ਮਾਰਚ ਦਾ ਮਕਸਦ ਲੋਕਾਂ ਨੂੰ ਸੁਰੱਖਿਅਤ ਮਹਿਸੂਸ ਕਰਵਾਉਣਾ ਅਤੇ ਸਮਾਜ ਵਿਰੋਧੀ ਅਨਸਰਾਂ ਦੇ ਮਨਾਂ ਚ ਪੁਲਿਸ ਦਾ ਖੌਫ ਪੈਦਾ ਕਰਨਾ ਵੀ ਏ।

-----------------------------------------------------------

ਮਲੇਰਕੋਟਲਾ ਦੇ ਐਸ.ਐਸ.ਪੀ. ਡਾ: ਸਿਮਰਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸ਼ਰਾਬ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਕਲ ਇੱਕ ਟਾਰਗੇਟਿਡ ਘੇਰਾਬੰਦੀ ਅਤੇ ਸਰਚ ਆਪਰੇਸ਼ਨ ਚਲਾਇਆ ਗਿਆ। ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਅਤੇ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਦੇ ਉਦੇਸ਼ ਨਾਲ, ਇਨ੍ਹਾਂ ਟੀਮਾਂ ਨੇ ਜ਼ਿਲ੍ਹਾ ਮਾਲੇਰਕੋਟਲਾ ਦੇ 04 ਪਿੰਡਾਂ ਵਿੱਚ ਸਵੇਰੇ ਸਮੇ ਘਰ-ਘਰ ਜਾ ਕੇ ਸਰਚ ਆਪਰੇਸ਼ਨ ਅਭਿਆਨ ਕੀਤਾ।